**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

**(ਸਿੱਖਿਆ-3 ਸ਼ਾਖਾ)**

ਮੀਮੋ ਨੰ. SED-EDU3/6/2020-3EDU3/493979/2023(1) ਮਿਤੀ, ਚੰਡੀਗੜ੍ਹ: 19/1/2023

ਐਮ.ਐਲ.ਜੀ. ਕਾਨਵੈਂਟ ਸਕੂਲ, ਚੀਮਾ, ਸੰਗਰੂਰ ਨੂੰ ਬਾਰ੍ਹਵੀਂ ਪੱਧਰ ਦੀ ਮਾਨਤਾ ਹੇਠ ਲਿਖੀਆਂ ਸ਼ਰਤਾਂ ਤੇ ਦਿੱਤੀ ਜਾਂਦੀ ਹੈ:-

1. ਸਕੂਲ The Right of Children to Free and Compulsory Education Act, 2009 ਦੀ ਪਾਲਣਾ ਕਰੇਗਾ।
2. ਸਕੂਲ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕਰਨਾ ਯਕੀਨੀ ਬਣਾਏਗਾ।
3. ਕਿਸੇ ਵੀ ਸਟੇਜ ਤੇ ਤੱਥਾਂ ਦੇ ਗਲਤ ਸਾਬਤ ਹੋਣ ਦੀ ਸੂਰਤ ਵਿੱਚ ਇਹ ਮਾਨਤਾ ਰੱਦ ਕੀਤੀ ਜਾਵੇਗੀ।
4. ਸਕੂਲ ਵਲੋਂ ਪੋਰਟਲ ਤੇ ਐਪਲੀਕੇਸ਼ਨ ਨੰ. 3D0BF8D926 ਰਾਹੀਂ ਅਪਗ੍ਰੇਡੇਸ਼ਨ ਲਈ 25,000/- ਰੁਪਏ ਪ੍ਰੋਸੈਸਿੰਗ ਫੀਸ ਜਮ੍ਹਾ ਕਰਵਾ ਦਿੱਤੀ ਗਈ ਹੈ। ਮਾਨਯੋਗ ਹਾਈਕੋਰਟ ਵੱਲੋਂ ਰਿਟ ਪਟੀਸ਼ਨ ਨੰ. 17967 ਆਫ 2022 ਵਿੱਚ ਕੀਤੇ ਹੁਕਮ ਮਿਤੀ 17.08.2022 ਦੀ ਰੌਸ਼ਨੀ ਵਿੱਚ ਸਕੂਲ ਵੱਲੋਂ ਕੁੱਝ ਰਿਜ਼ਰਵ ਫੰਡ ਜਮ੍ਹਾ ਨਹੀਂ ਕਰਵਾਇਆ ਗਿਆ ਹੈ। ਮਾਨਯੋਗ ਹਾਈਕੋਰਟ ਤੇ ਫੈਸਲੇ ਅਨੁਸਾਰ ਭਵਿੱਖ ਵਿੱਚ ਆਪ ਸਰਕਾਰੀ ਹਦਾਇਤਾਂ ਅਨੁਸਾਰ ਲੋੜੀਂਦਾ ਰਿਜ਼ਰਵ ਫੰਡ ਜਮ੍ਹਾ ਕਰਵਾਉਣ ਦੇ ਪਾਬੰਦ ਹੋਵੋਂਗੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਮਾਨਤਾ ਰੱਦ ਕੀਤੀ ਜਾਵੇਗੀ।

ਅਜਿਹਾ ਨਾ ਕਰਨ ਦੀ ਸੂਰਤ ਵਿੱਚ ਮਾਨਤਾ ਰੱਦ ਕੀਤੀ ਜਾਵੇਗੀ।

19.1.23

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

**ਮਿਤੀ, ਚੰਡੀਗੜ੍ਹ:**

*ਪਿ.ਅੰ.ਨੰ.* SED-EDU3/6/2020-3EDU3

ਉਪਰਕੋਤ ਦਾ ਇਕ ਉਤਾਰਾ ਹੇਠ ਲਿੱਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ) ਪੰਜਾਬ, ਮੋਹਾਲੀ।
2. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਸੰਗਰੂਰ।

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

File No.SED-EDU3/6/2020-3EDU3/493976/2023(1)

**ਪੰਜਾਬ ਸਰਕਾਰ**
**ਸਿੱਖਿਆ ਵਿਭਾਗ**
**(ਸਿੱਖਿਆ-3 ਸ਼ਾਖਾ)**

ਸੇਵਾ ਵਿਖੇ

**ਪ੍ਰਿੰਸੀਪਲ,**
**ਐਮ.ਐਲ.ਜੀ. ਕਾਨਵੈਂਟ ਸਕੂਲ,**
**ਚੀਮਾ, ਸੰਗਰੂਰ।**

**ਮਿਤੀ:ਚੰਡੀਗੜ੍ਹ:** 19/1/2023

ਵਿਸ਼ਾ:- **ਐਮ.ਐਲ.ਜੀ. ਕਾਨਵੈਂਟ ਸਕੂਲ, ਚੀਮਾ, ਸੰਗਰੂਰ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਬਾਰ੍ਹਵੀਂ ਪੱਧਰ ਦਾ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਸਬੰਧੀ।**

******

ਉਪਰਕੋਤ ਵਿਸ਼ੇ ਤੇ ਸਰਕਾਰ ਦੇ ਪੱਤਰ ਨੰ. SED-EDU3/6/2020-3EDU3/94311/2020 **ਮਿਤੀ** 23.10.2020 **ਦੀ ਲਗਾਤਾਰਤਾ ਵਿੱਚ** ਅਤੇ ਆਪ ਵੱਲੋਂ ਪੋਰਟਲ ਤੇ **ਐਪਲੀਕੇਸ਼ਨ ਨੰ.** 3D0BF8D926 **ਰਾਹੀਂ ਅਪਲਾਈ ਕੀਤੇ ਕੇਸ** ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਸੰਗਰੂਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਮੋਹਾਲੀ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਬਾਰ੍ਹਵੀਂ ਪੱਧਰ ਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾਂ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ **ਸੀ.ਬੀ.ਐਸ.ਈ** ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।
3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।

P.T.O.

4. ਸੀ.ਬੀ.ਐਸ.ਈ ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਅਕਾਊਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਮਾਨਯੋਗ ਹਾਈਕੋਰਟ ਵੱਲੋਂ ਰਿਟ ਪਟੀਸ਼ਨ ਨੰ. 17967 ਆਫ 2022 ਵਿੱਚ ਕੀਤੇ ਹੁਕਮ ਮਿਤੀ 17.08.2022 ਦੀ ਰੋਸ਼ਨੀ ਵਿੱਚ ਸਕੂਲ ਵੱਲੋਂ ਕੁੱਝ ਰਿਜ਼ਰਵ ਫੰਡ ਜਮ੍ਹਾ ਨਹੀਂ ਕਰਵਾਇਆ ਗਿਆ ਹੈ। ਮਾਨਯੋਗ ਹਾਈਕੋਰਟ ਤੇ ਫੈਸਲੇ ਅਨੁਸਾਰ ਭਵਿੱਖ ਵਿੱਚ ਆਪ ਸਰਕਾਰੀ ਹਦਾਇਤਾਂ ਅਨੁਸਾਰ ਲੋੜੀਂਦਾ ਰਿਜ਼ਰਵ ਫੰਡ ਜਮ੍ਹਾ ਕਰਵਾਉਣ ਦੇ ਪਾਬੰਦ ਹੋਵੋਂਗੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਮਾਨਤਾ ਰੱਦ ਕੀਤੀ ਜਾਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਮਾਨਤਾ ਰੱਦ ਕੀਤੀ ਜਾਵੇਗੀ। ਸਕੂਲ ਐਕਸਟੈਨਸ਼ਨ/ਅਪਗ੍ਰੇਡੇਸ਼ਨ ਸਮੇਂ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਸਬੰਧਤ ਜਿਲ੍ਹਾ ਸਿੱਖਿਆ ਅਫਸਰ ਦੇ ਕੋਲ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ ਦਾ ਬਣਦਾ ਰਿਜ਼ਰਵ ਫੰਡ ਜਮ੍ਹਾ ਕਰਵਾਏਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

6 ਬੱਚਿਆ ਦੀ ਸੁਰੱਖਿਆ, ਪਬਲਿਕ ਹੈਲਥ ਸੈਨੀਟੇਸ਼ਨ ਅਤੇ ਹੋਰ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਦੀਆਂ ਸ਼ਰਤਾਂ ਦਾ ਸਮੇਂ -2 ਨਿਰੀਖਣ ਪੰਜਾਬ ਸਰਕਾਰ ਦੇ ਅਧਿਕਾਰੀਆਂ ਵੱਲੋਂ ਕੀਤਾ ਜਾਵੇਗਾ।

7. ਸਿੱਖਿਆ ਵਿਭਾਗ ਦੇ ਪੱਤਰ ਨੰ:2/93/2009/3ਸਿ3/1360154 ਮਿਤੀ 26.11.2018 ਰਾਹੀਂ ਜਾਰੀ ਕੀਤੀਆਂ ਗਾਈਡਲਾਇਨਜ਼ ਅਤੇ ਸਮੇਂ-ਸਮੇਂ ਤੇ ਸਰਕਾਰ ਅਤੇ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

1/9/4.23

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

ਮਿਤੀ, ਚੰਡੀਗੜ੍ਹ:

ਪਿੱ:ਅੰ:ਨੰ: SED-EDU3/6/2020-3EDU3/

ਉਪਰਕੋਤ ਦਾ ਇਕ ਉਤਾਰਾ ਹੇਠ ਲਿੱਖਿਆ ਨੂੰ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ। ਸਬੰਧਤ ਸਕੂਲ ਤੋਂ ਉਪਰੋਕਤ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

2. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਸੰਗਰੂਰ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ